# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 22-02-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਆਕਾਸ਼ਵਾਣੀ 'ਤੇ 'ਮਨ ਕੀ ਬਾਤ' ਪ੍ਰੋਗਰਾਮ ਵਿੱਚ, ਦੇਸ਼-ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ। ਇਹ ਹਰ ਮਹੀਨੇ ਪ੍ਰਸਾਰਿਤ ਹੋਣ ਵਾਲੇ ਰੇਡੀਓ ਪ੍ਰੋਗਰਾਮ ਦਾ 119ਵਾਂ ਐਪੀਸੋਡ ਹੋਵੇਗਾ। 'ਮਨ ਕੀ ਬਾਤ' ਪ੍ਰੋਗਰਾਮ ਆਕਾਸ਼ਵਾਣੀ ਅਤੇ ਦੂਰਦਰਸ਼ਨ ਦੇ ਸਮੁੱਚੇ ਨੈੱਟਵਰਕ, ਆਕਾਸ਼ਵਾਣੀ ਖਬਰਾਂ ਦੀ WEBSITE ਅਤੇ NEWSONAIR ਮੋਬਾਈਲ ਐਪ 'ਤੇ ਪ੍ਰਸਾਰਿਤ ਕੀਤਾ ਜਾਵੇਗਾ। ਇਸ ਨੂੰ AIR ਨਿਊਜ਼, DD ਨਿਊਜ਼, ਪ੍ਰਧਾਨ ਮੰਤਰੀ ਦੇ ਦਫਤਰ ਅਤੇ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਦੇ YOUTUBE ਚੈਨਲਾਂ 'ਤੇ ਵੀ ਸਿੱਧਾ ਪ੍ਰਸਾਰਣ ਕੀਤਾ ਜਾਵੇਗਾ। ਆਕਾਸ਼ਵਾਣੀ, ਹਿੰਦੀ ਪ੍ਰਸਾਰਣ ਤੋਂ ਤੁਰੰਤ ਬਾਅਦ ਪ੍ਰੋਗਰਾਮ ਨੂੰ ਖੇਤਰੀ ਭਾਸ਼ਾਵਾਂ ਵਿੱਚ ਵੀ ਪ੍ਰਸਾਰਿਤ ਕਰੇਗਾ ।

---------------------------------------------------------------

ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਅੱਜ ਨਵੀਂ ਦਿੱਲੀ ਵਿੱਚ ਪੂਸਾ ਕ੍ਰਿਸ਼ੀ ਵਿਗਿਆਨ ਮੇਲਾ - 2025 ਦਾ ਉਦਘਾਟਨ ਕੀਤਾ। ਇਸ ਤਿੰਨ ਦਿਨਾਂ ਮੇਲੇ ਦਾ ਵਿਸ਼ਾ 'ਉਨਤ ਖੇਤੀ ਵਿਕਸਿਤ ਭਾਰਤ' ਰੱਖਿਆ ਗਿਆ ਏ। ਖੇਤੀਬਾੜੀ ਅਤੇ ਕਿਸਾਨ ਭਲਾਈ ਰਾਜ ਮੰਤਰੀ ਰਾਮ ਨਾਥ ਠਾਕੁਰ ਅਤੇ ਭਾਗੀਰਥ ਚੌਧਰੀ 24 ਫਰਵਰੀ ਨੂੰ ਸਮਾਪਤੀ ਸੈਸ਼ਨ ਵਿੱਚ ਮੁੱਖ ਮਹਿਮਾਨ ਹੋਣਗੇ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਖੇਤੀਬਾੜੀ ਮੰਤਰੀ ਨੇ ਕਿਹਾ

**BYTE:**

ਮੇਲੇ ਦਾ ਮੁੱਖ ਆਕਰਸ਼ਣ ਭਾਰਤੀ ਖੇਤੀਬਾੜੀ ਖੋਜ ਸੰਸਥਾ ਦੁਆਰਾ ਵਿਕਸਤ ਅਤਿ-ਆਧੁਨਿਕ ਕਿਸਮਾਂ ਅਤੇ ਟੈਕਨੋਲੋਜੀਆਂ ਦਾ ਪ੍ਰਦਰਸ਼ਨ ਏ। ਸੈਲਾਨੀਆਂ ਨੂੰ ਭਾਰਤੀ ਖੇਤੀਬਾੜੀ ਖੋਜ ਸੰਸਥਾਨ, ਕ੍ਰਿਸ਼ੀ ਵਿਗਿਆਨ ਕੇਂਦਰਾਂ, ਕਿਸਾਨ ਉਤਪਾਦਕ ਸੰਗਠਨਾਂ, ਉੱਦਮੀਆਂ ਅਤੇ ਸਟਾਰਟ-ਅੱਪਸ ਦੀਆਂ ਹੋਣਹਾਰ ਟੈਕਨੋਲੋਜੀਆਂ, ਉਤਪਾਦਾਂ ਅਤੇ

ਸੇਵਾਵਾਂ ਨੂੰ ਪ੍ਰਦਰਸ਼ਿਤ ਕਰਨ ਵਾਲੀਆਂ ਪ੍ਰਦਰਸ਼ਨੀਆਂ ਦਾ ਪਤਾ ਲਗਾਉਣ ਦਾ ਮੌਕਾ ਵੀ ਮਿਲੇਗਾ।

-----------------------------------------------------

ਦਿੱਲੀ ਸਰਕਾਰ ਦੇ ਕੈਬਨਿਟ ਮੰਤਰੀ ਮਨਜਿੰਦਰ ਸਿਰਸਾ ਅੱਜ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਤਮਸਤਕ ਹੋਏ। ਉਨ੍ਹਾਂ ਗੁਰੂ ਘਰ ਵਿੱਚ ਮੱਥਾ ਟੇਕ ਕੇ ਸਰਬਤ ਦੇ ਭਲੇ ਦੀ ਅਰਦਾਸ ਕੀਤੀ ਤੇ ਵਾਹਿਗੁਰੂ ਦਾ ਸ਼ੁਕਰਾਨਾ ਅਦਾ ਕੀਤਾ । ਮੀਡੀਆ ਨਾਲ ਗੱਲਬਾਤ ਕਰਦੇ ਹੋਏ ਸ੍ਰੀ ਸਿਰਸਾ ਨੇ ਕਿਹਾ ਕਿ ਉਹ ਵਾਹਿਗੁਰੂ ਦਾ ਸ਼ੁਕਰੀਆ ਅਦਾ ਕਰਨ ਲਈ ਅੱਜ ਗੁਰੂ ਘਰ ਪਹੁੰਚੇ ਨੇ।

-----------------------------------------------------

ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਸੂਬੇ ਭਰ ਵਿੱਚ ਆਮ ਗੈਰ-ਲਾਗ ਵਾਲੀਆਂ ਬਿਮਾਰੀਆਂ (ਐਨ.ਸੀ.ਡੀ.) ਦੀ ਰੋਕਥਾਮ, ਕੰਟਰੋਲ ਅਤੇ ਜਾਂਚ ਲਈ ਆਬਾਦੀ-ਅਧਾਰਤ ਪਹਿਲਕਦਮੀ ਦੀ ਸ਼ੁਰੂਆਤ ਕੀਤੀ ਗਈ ਏ। ਮੁਹਾਲੀ ਦੇ ਪਿੰਡ ਸੈਣੀ ਮਾਜਰਾ ਵਿਖੇ ਇਸ ਮੁਹਿੰਮ ਦੀ ਸ਼ੁਰੂਆਤ ਸਬੰਧੀ ਰਵਾਏ

ਉਦਘਾਟਨੀ ਸਮਾਗਮ ਦੌਰਾਨ ਵਰਚੁਅਲ ਤੌਰ ‘ਤੇ ਸੰਬੋਧਨ ਕਰਦਿਆਂ ਡਾ. ਬਲਬੀਰ ਸਿੰਘ ਨੇ ਕਿਹਾ ਕਿ ਇਸ ਮੁਹਿੰਮ ਤਹਿਤ 30 ਸਾਲ ਤੋਂ ਵੱਧ ਉਮਰ ਦੇ ਵਿਅਕਤੀਆਂ ਦੀ ਆਮ ਐਨ.ਸੀ.ਡੀ., ਜਿਸ ਵਿੱਚ ਸ਼ੂਗਰ, ਹਾਈਪਰਟੈਨਸ਼ਨ ਅਤੇ ਤਿੰਨ ਆਮ ਕੈਂਸਰ - ਮੂੰਹ, ਛਾਤੀ ਅਤੇ ਸਰਵਾਈਕਲ ਸ਼ਾਮਲ ਨੇ, ਲਈ ਜਾਂਚ ਕੀਤੀ ਜਾਵੇਗੀ । ਉਨ੍ਹਾਂ ਦੱਸਿਆ ਕਿ ਇਹ ਜਾਂਚ ਆਸ਼ਾ, ਏ.ਐਨ.ਐਮ. ਅਤੇ ਐਮ.ਪੀ.ਡਬਲਯੂਜ਼ ਸਮੇਤ ਸਿਖਲਾਈ ਪ੍ਰਾਪਤ ਸਿਹਤ ਸੰਭਾਲ ਕਰਮਚਾਰੀਆਂ ਵੱਲੋਂ ਪੇਂਡੂ ਅਤੇ ਸ਼ਹਿਰੀ ਖੇਤਰਾਂ ਵਿੱਚ ਪ੍ਰਾਇਮਰੀ ਸਿਹਤ ਕੇਂਦਰਾਂ, ਆਯੁਸ਼ਮਾਨ ਅਰੋਗਿਆ ਕੇਂਦਰਾਂ, ਕਮਿਊਨਿਟੀ ਸਿਹਤ ਕੇਂਦਰਾਂ, ਜ਼ਿਲ੍ਹਾ ਹਸਪਤਾਲਾਂ, ਸਬ-ਡਵੀਜ਼ਨ ਹਸਪਤਾਲਾਂ ਵਿਖੇ ਕੀਤੀ ਜਾਵੇਗੀ । ਇਹ ਮੁਹਿੰਮ 31 ਮਾਰਚ ਤੱਕ ਚੱਲੇਗੀ।

---------------------------------------------------------

ਜਾਨਵਰਾਂ ਨਾਲ ਮਨੁੱਖੀ ਤੇ ਸੰਵੇਦਨਸ਼ੀਲ ਵਤੀਰੇ ਨੂੰ ਯਕੀਨੀ ਬਣਾਉਣ ਦੀ ਦਿਸ਼ਾ ਵਿੱਚ ਅਹਿਮ ਕਦਮ ਚੁੱਕਦਿਆਂ ਪੰਜਾਬ ਸਰਕਾਰ ਵੱਲੋਂ ਪੰਜਾਬ ਪਸ਼ੂ ਭਲਾਈ ਬੋਰਡ ਅਧੀਨ ਸਾਰੇ ਡੌਗ ਬਰੀਡਰਾਂ, ਪਸ਼ੂਆਂ ਲਈ ਸਾਮਾਨ

ਰੱਖਣ ਵਾਲੀਆਂ ਦੁਕਾਨਾਂ ਯਾਨੀ ਪੈੱਟ ਸ਼ਾਪਸ ਅਤੇ ਪਸ਼ੂ ਭਲਾਈ ਸੰਸਥਾਵਾਂ ਦੀ ਲਾਜ਼ਮੀ ਰਜਿਸਟ੍ਰੇਸ਼ਨ ਕਰਵਾਉਣ ਦਾ ਐਲਾਨ ਕੀਤਾ ਗਿਐ। ਇਹ ਫੈਸਲਾ ਪੰਜਾਬ ਦੇ ਪਸ਼ੂ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦੀ ਅਗਵਾਈ ਹੇਠ ਹੋਈ ਪੰਜਾਬ ਪਸ਼ੂ ਭਲਾਈ ਬੋਰਡ ਦੀ ਮੀਟਿੰਗ ਵਿੱਚ ਲਿਆ ਗਿਆ। ਮੰਤਰੀ ਨੇ ਕਿਹਾ ਕਿ ਡੌਗ ਬਰੀਡਰਜ਼ ਅਤੇ ਪੈਟ ਸ਼ਾਪਸ ਨੂੰ ਜਾਨਵਰਾਂ 'ਤੇ ਅੱਤਿਆਚਾਰ ਰੋਕਣ ਲਈ ਨਿਯਮ 2016 ਤਹਿਤ ਰਜਿਸਟਰ ਕੀਤਾ ਜਾਵੇਗਾ। ਇਸ ਕਦਮ ਦਾ ਮੁੱਖ ਉਦੇਸ਼ ਜਾਨਵਰਾਂ ਨਾਲ ਹੋਣ ਵਾਲੇ ਗੈਰਸੰਵੇਦਨਸ਼ੀਲ ਤੇ ਅਣਮਨੁੱਖੀ ਵਤੀਰੇ ਨੂੰ ਰੋਕਣਾ ਅਤੇ ਸੂਬੇ ਵਿੱਚ ਜ਼ਿੰਮੇਵਾਰ ਬਰੀਡਿੰਗ ਅਭਿਆਸਾਂ ਨੂੰ ਉਤਸ਼ਾਹਿਤ ਕਰਨਾ ਏ।

---------------------------------------------------------------

ਤਰਨ ਤਾਰਨ ਪੁਲਿਸ ਨੇ ਸ਼ੁੱਕਰਵਾਰ ਸ਼ਾਮ ਇਕ ਮੁਕਾਬਲੇ ਮਗਰੋਂ ਤਿੰਨ ਬਦਮਾਸ਼ਾ ਨੂੰ ਕਾਬੂ ਕੀਤਾ ਏ। ਪਿੰਡ ਤੂਤ ਭੰਗਾਲਾ ਵਿਖੇ ਨਾਕੇ ਦੌਰਾਨ ਪੁਲਿਸ ਨੇ ਮੋਟਰਸਾਈਕਲ ਸਵਾਰ ਤਿੰਨ ਨੌਜਵਾਨਾਂ ਨੂੰ ਰੁਕਣ ਦਾ ਇਸ਼ਾਰਾ ਕੀਤਾ ਤਾਂ ਉਨ੍ਹਾਂ ਨੇ ਪੁਲਿਸ ਪਾਰਟੀ 'ਤੇ ਫਾਇਰਿੰਗ ਕਰ ਦਿੱਤੀ

। ਪੁਲਿਸ ਵੱਲੋਂ ਕੀਤੀ ਜਵਾਬੀ ਕਾਰਵਾਈ ਦੌਰਾਨ 2 ਨੌਜਵਾਨਾਂ ਦੀਆਂ ਲੱਤਾਂ ’ਚ ਗੋਲੀਆਂ ਲੱਗੀਆਂ। ਫੜੇ ਗਏ ਨੌਜਵਾਨਾਂ ਦੀ ਪਛਾਣ ਵਲਟੋਹਾ ਵਾਸੀ ਲਵਪ੍ਰੀਤ ਸਿੰਘ, ਫਿਰੋਜ਼ਪੁਰ ਦੇ ਪਿੰਡ ਲੋਹਕਾ ਵਾਸੀ ਲਵਪ੍ਰੀਤ ਸਿੰਘ ਤੇ ਠੱਠਾ ਵਾਸੀ ਮਹਿਕਪ੍ਰੀਤ ਸਿੰਘ ਵਜੋਂ ਹੋਈ ਏ। ਇਸ ਸਬੰਧੀ ਸਬ ਡਵੀਜ਼ਨ ਪੱਟੀ ਦੇ ਡੀ.ਐਸ.ਪੀ. ਕੰਵਲਪ੍ਰੀਤ ਸਿੰਘ ਮੰਡ ਨੇ ਦੱਸਿਆ ਕਿ ਫੜੇ ਗਏ ਬਦਮਾਸ਼ ਗੈਂਗਸਟਰ ਪ੍ਰਭ ਦਾਸੂਵਾਲ ਦੇ ਗਿਰੋਹ ਨਾਲ ਸਬੰਧਤ ਨੇ ਅਤੇ ਉਸ ਦੇ ਕਹਿਣ ਤੇ ਲੋਕਾਂ ਕੋਲੋਂ ਫਿਰੌਤੀ ਵਸੂਲਣ ਤੋਂ ਇਲਾਵਾ ਲੋਕਾਂ ਦੇ ਘਰਾਂ ਤੇ ਫਾਇਰਿੰਗ ਕਰਦੇ ਨੇ।

---------------------------------------------------------

ਬੀਤੇ ਦਿਨੀਂ ਪਏ ਮੀਂਹ ਤੋਂ ਬਾਅਦ ਪੰਜਾਬ ਵਿੱਚ ਤਾਪਮਾਨ ਆਮ ਨਾਲੋਂ ਹੇਠਾਂ ਬਣਿਆ ਹੋਇਆ ਏ। ਪਿਛਲੇ 24 ਘੰਟਿਆਂ ਵਿੱਚ ਔਸਤ ਵੱਧ ਤੋਂ ਵੱਧ ਤਾਪਮਾਨ ਵਿੱਚ 1.9 ਡਿਗਰੀ ਸੈਲਸੀਅਸ ਦਾ ਵਾਧਾ ਹੋਇਆ ਏ। ਮੌਸਮ ਵਿਗਿਆਨ ਕੇਂਦਰ ਅਨੁਸਾਰ, 24 ਫਰਵਰੀ ਤੋਂ ਇੱਕ ਨਵੀਂ ਪੱਛਮੀ ਗੜਬੜੀ ਸਰਗਰਮ ਹੋ ਰਹੀ ਏ ਜਿਸ ਦਾ ਅਸਰ ਜੰਮੂ-ਕਸ਼ਮੀਰ, ਹਿਮਾਚਲ ਅਤੇ ਉਤਰਾਖੰਡ ਦੇ ਪਹਾੜੀ ਇਲਾਕਿਆਂ ‘ਚ ਦੇਖਣ ਨੂੰ

ਮਿਲੇਗਾ। 24 ਫਰਵਰੀ ਤੋਂ ਪਹਾੜੀ ਇਲਾਕਿਆਂ ‘ਚ ਬਾਰਿਸ਼ ਦੇ ਨਾਲ-ਨਾਲ ਬਰਫਬਾਰੀ ਵੀ ਹੋ ਸਕਦੀ ਏ। ਇਸ ਦਾ ਅਸਰ 26 ਫਰਵਰੀ ਤੋਂ ਮੈਦਾਨੀ ਇਲਾਕਿਆਂ ‘ਚ ਦੇਖਣ ਨੂੰ ਮਿਲੇਗਾ। ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ 26 ਤੇ 27 ਫਰਵਰੀ ਨੂੰ ਮੁੜ ਮੀਂਹ ਪੈਣ ਦੀ ਸੰਭਾਵਨਾ ਏ।